ਡਾਇਰੈਕਟੋਰੇਟ, ਸਿਹਤ ਸੇਵਾਵਾਂ (ਪ.ਭ.), ਪੰਜਾਬ
ਪਰਿਵਾਰ ਕਲਿਆਣ ਭਵਨ, ਸੈਕਟਰ 34-ਏ,ਚੰਡੀਗੜ੍ਹ
(ਅਮਲਾ-6 ਸ਼ਾਖਾ)

ਰਜਿਸਟਰਡ

ਸੇਵਾ ਵਿਖੇ,

ਰਜਿਸਟਰਾਰ,
ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼,
ਸਾਦਿਕ ਰੋਡ, ਫਰੀਦਕੋਟ (ਪੰਜਾਬ), 151203,
ਫੋਨ ਨੰ: 01639-256232, 256236
ਫੈਕਸ: 01639-256234

ਮੀਮੋ ਨੰ: ਈ-6(1)ਪੰ:2016/ 6628
ਮਿਤੀ, ਚੰਡੀਗੜ੍ਹ: 12/7/16

ਵਿਸ਼ਾ: ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਧੀਨ ਚੱਲ ਰਹੇ ਡਾਇਲਿਸਿਜ਼ ਯੂਨਿਟਾਂ, ਕੀਮੋਥੈਰੇਪੀ ਯੂਨਿਟਾਂ ਅਤੇ Coronary Care & Stroke Units (CCSU) ਲਈ ਸਟਾਫ ਨਰਸਾਂ ਦੀਆਂ 167 ਅਸਾਮੀਆਂ ਭਰਨ ਸਬੰਧੀ।

ਉਪਰੋਕਤ ਵਿਸ਼ੇ ਤੇ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਵਲੋਂ ਵਿਭਾਗ ਅਧੀਨ ਵਿਸ਼ੇ ਅੰਕਿਤ ਮਾਮਲੇ ਸਬੰਧੀ ਅਸਾਮੀਆਂ ਜਿਨ੍ਹਾਂ ਦੀ ਡਿਟੇਲ ਹੇਠ ਲਿਖੇ ਅਨੁਸਾਰ ਹੈ, ਲਈ 167 ਸਟਾਫ ਨਰਸਾਂ ਦੀ ਭਰਤੀ ਕਰਨ ਸਬੰਧੀ ਪ੍ਰਵਾਨਗੀ ਦਿੱਤੀ ਗਈ ਹੈ:-

| Sr. No. | Name of the Post | Pay Scale | Basic and professional Qualification | Category wise vifercation of posts | |
|---|---|---|---|---|---|
| 1) | Staff Nurses for Dialysis Units, Chemotherapy Units and Coronary Care & Stroke Units (CCSU) | 10300-34800 + G.P. 4600 | (i) Should have passed matriculation examination with Punjabi as one of the compulsory or elective subjects or any other equivalent examination in Punjabi language, which may be specified by the Government from time to time.<br>(ii) Should have passed Senior Secondary Part-II Examination or its equivalent from a recognized University or institution,<br>(iii) Should possess a degree in Bachelor of Science (Nursing) from a recognized University or institution;<br>(iv) Should be registered with the Punjab Nursing Registration Council established under the Punjab Nurses Registration Act, 1932 (Punjab Act No. 1 of 1932) which may be amended from time to time. | General | 81 |
| | | | | SC (M & B) | 17 |
| | | | | SC (R & O) | 17 |
| | | | | BC | 17 |
| | | | | ESM (General) | 12 |
| | | | | ESM (SC) (M &B) | 3 |
| | | | | ESM (SC) (R&O) | 3 |
| | | | | ESM (BC) | 3 |
| | | | | Sportsman (General) | 3 |
| | | | | Sports (SC) (M&B) | 1 |
| | | | | Sports (SC) (R&O) | 1 |
| | | | | Handicapped | 7 |
| | | | | Freedom Fighter | 2 |
| | | | | **Total** | 167 |

ਉਪਰੋਕਤ 167 ਅਸਾਮਿਆਂ ਨੂੰ ਭਰਨ ਸਬੰਧੀ ਹੇਠ ਲਿਖੇ ਅਨੁਸਾਰ ਕਾਰਵਾਈ ਕੀਤੀ ਜਾਵੇ:-

1) ਭਰਤੀ ਕਰਨ ਸਮੇ ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਵਲੋਂ ਪੱਤਰ ਨੰ: 7/204/2012-4ਐਫ.ਪੀ.1/66 ਮਿਤੀ 15-01-2015 ਅਤੇ ਪੱਤਰ ਨੰ: 7/204/2012-4ਐਫ.ਪੀ.1/1049 ਮਿਤੀ 21-12-2015 (ਕਾਪੀ ਨੱਥੀ ਹੈ) ਦੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਇਨ੍ਹਾਂ ਹਦਾਇਤਾਂ ਦਾ ਹਵਾਲਾ ਇਸ਼ਤਿਹਾਰ ਵਿੱਚ ਵੀ ਦਰਜ ਕੀਤਾ ਜਾਵੇ।

2) ਸਰਕਾਰ ਪਾਸੋ ਪ੍ਰਾਪਤ ਪ੍ਰਵਾਨਗੀ ਅਨੁਸਾਰ ਉਕਤ ਕਾਲਮ ਵਿੱਚ ਦਰਜ ਯੋਗਤਾਵਾਂ ਵਾਲੇ ਯੋਗ ਉਮੀਦਵਾਰਾਂ ਦੀ ਲਿਖਤੀ ਪ੍ਰੀਖਿਆ ਲਈ ਜਾਵੇ ਅਤੇ ਉਸ ਪ੍ਰੀਖਿਆ ਦੀ ਮੈਰਿਟ ਕੈਟਾਗਿਰੀ ਵਾਈਜ ਤਿਆਰ ਕੀਤੀ ਜਾਵੇ।

3) ਕਿਉਂ ਜੋ ਇਨ੍ਹਾਂ ਅਸਾਮੀਆਂ ਲਈ ਕੇਵਲ ਲਿਖਤੀ ਪ੍ਰੀਖਿਆ ਦੇ ਨੰਬਰਾਂ ਨੂੰ ਹੀ ਆਧਾਰ ਮੰਨਿਆ ਜਾਣਾ ਹੈ ਅਤੇ ਇਨ੍ਹਾਂ ਅਸਾਮੀਆਂ ਲਈ ਇੰਟਰਵਿਊ ਜਾਂ ਹੋਰ ਨੰਬਰ ਨਹੀ ਵਿਚਾਰੇ ਜਾਣੇ ਇਸ ਲਈ ਉਮੀਦਵਾਰਾਂ ਦੀ ਕਾਊਂਸਲਿੰਗ ਕਰਨ ਸਮੇ ਕਾਊਂਸਲਿੰਗ ਵਿੱਚ ਭਲਾਈ ਵਿਭਾਗ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ, ਖੇਡ ਵਿਭਾਗ, ਸੈਨਿਕ ਵਿਭਾਗ, ਆਦਿ ਵਿਭਾਗਾਂ ਦੇ ਨੁਮਾਇੰਦਿਆਂ ਨੂੰ ਸ਼ਾਮਿਲ ਕਰਨਾ ਯਕੀਨੀ ਬਣਾਇਆ ਜਾਵੇ।

4) ਵੱਖ-ਵੱਖ ਸ੍ਰੇਣੀਆਂ ਦੀ ਮੈਰਿਟ ਤਿਆਰ ਕਰਨ ਸਮੇ ਅਤੇ ਕਾਊਂਸਲਿੰਗ ਵਿੱਚ ਉਮੀਦਵਾਰਾਂ ਨੂੰ ਬੁਲਾਉਣ ਲਈ ਤਿੰਨ ਗੁਣਾ ਉਮੀਦਵਾਰਾਂ ਨੂੰ ਬੁਲਾਉਣਾ ਯਕੀਨੀ ਬਣਾਇਆ ਜਾਵੇ।

ਉਪਰੋਕਤ ਅਨੁਸਾਰ ਕਾਰਵਾਈ ਕਰਕੇ ਜਲਦੀ ਤੋ ਜਲਦੀ ਸਾਂਝੀ ਮੈਰਿਟ ਸੂਚੀ ਅਤੇ ਵੱਖ-ਵੱਖ ਸ੍ਰੇਣੀਆਂ ਦੇ ਉਮੀਦਾਵਰਾਂ ਦੀ ਵੱਖਰੀ-ਵੱਖਰੀ ਮੈਰਿਟ ਸੂਚੀ ਇਸ ਦਫਤਰ ਨੂੰ ਭੇਜੀ ਜਾਵੇ ਤਾ ਜੋ ਪੰਜਾਬ ਦੇ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਵਾਂ ਮੁਹੱਈਆ ਕਰਵਾਈਆਂ ਜਾ ਸਕਣ।

<u>ਨੱਥੀ ਉਕਤ ਅਨੁਸਾਰ</u>

ਡਾਇਰੈਕਟਰ, ਸਿਹਤ ਸੇਵਾਵਾਂ (ਪ.ਭ.), ਪੰਜਾਬ
ਮਿਤੀ ਚੰਡੀਗੜ੍ਹ:

ਪਿੰਠ ਅੰਕਣ ਨੰ: ਈ-6(1)ਪੰ:2016/

ਉਤਾਰਾ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, (ਸਿਹਤ-4 ਸ਼ਾਖਾ) ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

ਡਾਇਰੈਕਟਰ, ਸਿਹਤ ਸੇਵਾਵਾਂ (ਪ.ਭ.), ਪੰਜਾਬ

117

ਨੰ:7/204/2012-4ਐਫ.ਪੀ.1/66

ਪੰਜਾਬ ਸਰਕਾਰ

ਵਿੱਤ ਵਿਭਾਗ

(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ, ਚੰਡੀਗੜ੍ਹ 15-1-2015

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜਨਾਂ ਦੇ ਕਮਿਸ਼ਨਰ,
ਸਮੂਹ ਜ਼ਿਲ੍ਹਾ ਤੇ ਸੈਸ਼ਨਜ ਜੱਜ ਅਤੇ
ਸਮੂਹ ਡਿਪਟੀ ਕਮਿਸ਼ਨਰ,
ਪੰਜਾਬ ਰਾਜ ਵਿੱਚ।

ਵਿਸ਼ਾ:- ਸਰਕਾਰੀ ਵਿਭਾਗਾਂ ਵਿੱਚ ਸਿੱਧੀ ਭਰਤੀ ਦੇ ਕੋਟੇ ਦੀਆਂ ਖਾਲੀ ਪਈਆਂ ਆਸਾਮੀਆਂ ਤੇ ਨਿ... ਕੀਤੇ ਜਾਣ ਵਾਲੇ ਕਰਮਚਾਰੀਆਂ ਦੀਆਂ ਸੇਵਾ ਸ਼ਰਤਾਂ ਵਿੱਚ ਸੋਧ ਕਰਨ ਸਬੰਧੀ।

ਸ੍ਰੀਮਾਨ ਜੀ,

ਮੈਨੂੰ ਆਪ ਦਾ ਧਿਆਨ ਉਪਰੋਕਤ ਵਿਸ਼ੇ ਵੱਲ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਵਲੋਂ ਵਿੱਤੀ ਸੰਜਮ ਰੱਖਦੇ ਹੋਏ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਸਿੱਧੀ ਭਰਤੀ ਦੇ ਕੋਟੇ ਦੀਆਂ ਖਾਲੀ ਪਈਆਂ ਵੱਖ ਵੱਖ ਕੈਟਾਗਰੀਜ਼ ਦੀਆਂ ਆਸਾਮੀਆਂ ਤੇ ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀਆਂ ਦੀ ਨਿਯੁਕਤੀ ਸਬੰਧੀ ਕੁੱਝ ਸੇਵਾ ਸ਼ਰਤਾਂ ਵਿੱਚ ਸੋਧ ਕਰਨ ਲਈ ਵਿੱਤ ਵਿਭਾਗ ਵਲੋਂ ਜਾਰੀ ਨੋਟੀਫਿਕੇਸ਼ਨ ਨੰ: 7/204/2012-4ਵਿਪ੍1/60, ਮਿਤੀ 15-1-2015 ਰਾਹੀਂ ਪੰਜਾਬ ਸਿਵਲ ਸੇਵਾਵਾਂ ਨਿਯਮਾਵਲੀ, ਜਿਲਦ 1, ਭਾਗ-1, ਦੇ ਸਬੰਧਤ ਰੂਲਾਂ ਵਿੱਚ ਸੋਧ ਕੀਤੀ ਗਈ ਹੈ।

2. ਉਪਰੋਕਤ ਨੋਟੀਫਿਕੇਸ਼ਨ ਰਾਹੀਂ ਕੀਤੀਆਂ ਸੋਧਾਂ ਉਪਰੰਤ ਸਿੱਧੀ ਭਰਤੀ ਤੇ ਤਨਖਾਹ ਦੇਣ ਸਬੰਧੀ ਹੇਠਾਂ ਅਨੁਸਾਰ ਸਥਿਤੀ ਹੋਵੇਗੀ:-

i) ਸਿੱਧੀ ਭਰਤੀ ਉਪਰੰਤ 2 ਸਾਲ ਦੇ ਪਰਖ ਕਾਲ ਦੇ ਸਮੇਂ ਦੇ ਦੌਰਾਨ ਸਮੇਤ ਉਸ ਪਰਖ ਕਾਲ ਦੇ ਸਮੇਂ ਦੇ ਜੇਕਰ ਕੋਈ ਇਸ ਵਿੱਚ ਵਾਧਾ ਕੀਤਾ ਗਿਆ ਹੋਵੇ, ਕਰਮਚਾਰੀ ਨੂੰ ਬੱਝਵੀਂ ਤਨਖਾਹ (fixed emoluments) ਦਿੱਤੀ ਜਾਵੇਗੀ ਜੋ ਕਿ ਉਸ ਕਰਮਚਾਰੀ ਦੀ ਨਵੀਂ ਆਸਾਮੀ ਤੇ ਮਿਲਣ ਵਾਲੇ ਪੇ-ਬੈਂਡ ਦੇ ਘੱਟੋ-ਘੱਟ ਤਨਖਾਹ (Minimum of the Pay Band) ਦੇ ਬਰਾਬਰ ਹੋਵੇਗੀ ਅਤੇ ਪਰਖ ਕਾਲ ਸਮੇਂ ਦੌਰਾਨ ਉਸ ਨੂੰ ਗਰੇਡ ਪੇ, ਸਾਲਾਨਾ ਤਰੱਕੀ ਜਾਂ ਹੋਰ ਕੋਈ ਭੱਤੇ, ਸਿਵਾਏ ਸਫ਼ਰੀ ਭੱਤੇ ਦੇ, ਮਿਲਣਯੋਗ ਨਹੀਂ ਹੋਣਗੇ;

ii) ਪਰਖ ਕਾਲ ਦਾ ਸਮਾਂ ਸਫਲਤਾਪੂਰਵਕ ਮੁਕੰਮਲ ਹੋਣ ਤੇ ਉਸ ਨੂੰ ਉਸ ਆਸਾਮੀ ਤੋਂ ਮਿਲਣਯੋਗ ਪੇ-ਬੈਂਡ ਦੀ ਘੱਟੋ-ਘੱਟ ਤਨਖਾਹ, ਸਮੇਤ ਗਰੇਡ-ਪੇ, ਤੋਂ ਸ਼ੁਰੂ ਕਰਦੇ ਹੋਏ ਪੂਰੇ ਭੱਤੇ ਮਿਲਣਯੋਗ ਹੋਣਗੇ.

iii) ਪਰਖ ਕਾਲ ਦਾ ਸਮਾਂ, ਅਤੇ ਜੇਕਰ ਇਸ ਸਮੇਂ ਵਿੱਚ ਕੋਈ ਵਾਧਾ ਕੀਤਾ ਗਿਆ ਹੈ ਤਾਂ ਉਹ ਵੀ ਵਿੱਚ ਪਾ ਕੇ, ਤਨਖਾਹ ਦੇ ਟਾਇਮ ਸਕੇਲ ਵਿੱਚ ਕੰਮ ਕਰਨ ਦਾ ਸਮਾਂ ਨਹੀਂ ਗਿਣਿਆ ਜਾਵੇਗਾ;

iv) ਜੇਕਰ ਕਰਮਚਾਰੀ ਪਹਿਲਾਂ ਵੀ ਪੰਜਾਬ ਸਰਕਾਰ ਵਿੱਚ ਨੌਕਰੀ ਕਰ ਰਿਹਾ ਸੀ ਭਾਵ ਉਸ ਦਾ ਕਿਸੇ ਆਸਾਮੀ ਤੇ ਲੀਅਨ (Lien) ਹੈ ਤਾਂ ਉਸ ਨੂੰ ਨਵੀਂ ਆਸਾਮੀ ਦੇ ਪਰਖ ਕਾਲ ਸਮੇਂ ਦੌਰਾਨ ਉਸ ਪਹਿਲੀ ਆਸਾਮੀ, ਜਿਸ ਉਪਰ ਉਸ ਦਾ ਲੀਅਨ ਹੈ, ਵਾਲੀ ਤਨਖਾਹ ਮਿਲਣਯੋਗ ਹੋਵੇਗੀ;

v) ਕਰਮਚਾਰੀ ਦੇ ਪਰਖ ਕਾਲ ਸਮੇਂ ਦੌਰਾਨ ਉਹ ਨਿਊਂ ਡੀਫਾਈਡ ਕੰਟਰੀਬਿਊਟਰੀ ਪੈਨਸ਼ਨ ਸਕੀਮ ਅਧੀਨ ਕਵਰ ਹੋਵੇਗਾ ਅਤੇ ਇਸ ਸਬੰਧੀ ਸਰਕਾਰ ਵਲੋਂ ਬਣਦਾ ਮੈਚਿੰਗ ਸ਼ੇਅਰ ਵੀ ਦਿੱਤਾ ਜਾਵੇਗਾ.

3. ਇਹ ਹਦਾਇਤਾਂ ਸਰਕਾਰੀ ਵਿਭਾਗਾਂ ਦੇ ਨਾਲ-ਨਾਲ ਖੁਦ-ਮੁਖਤਿਆਰ ਅਤੇ ਅਰਧ ਸਰਕਾਰੀ ਸੰਸਥਾਵਾਂ, ਕਾਰਪੋਰੇਸ਼ਨਾਂ/ਬੋਰਡਾਂ, ਨੀਮ-ਸਰਕਾਰੀ ਅਦਾਰਿਆਂ, ਕਮਿਸ਼ਨਾਂ, ਟ੍ਰਿਬਿਊਨਲਾਂ, ਸਹਿਕਾਰੀ ਸੰਸਥਾਵਾਂ, ਸੋਸਾਇਟੀਆਂ, ਪੰਜਾਬ ਸਰਕਾਰ ਸਥਾਨਕ ਸਰਕਾਰ ਵਿਭਾਗ ਅਤੇ ਪੰਚਾਇਤੀ ਰਾਜ ਵਿਭਾਗ ਦੇ ਅਦਾਰਿਆਂ ਤੇ ਵੀ ਲਾਗੂ ਹੋਣਗੀਆਂ।

ਚਲਦਾ---2

ਜੋ ਇਨ੍ਹਾਂ ਅਦਾਰਿਆਂ/ਬੋਰਡਾਂ ਵਿਚ ਇਸ ਤੋਂ ਪਹਿਲਾਂ ਹੀ ਪੰਜਾਬ ਸਿਵਲ ਸਰਵਿਸਿਜ਼ ਰੂਲਜ਼ ਲਾਗੂ ਹਨ, ਉਨ੍ਹਾਂ ਵਿਚ ਇਹ ਸਭ ਆਪਣੇ-ਆਪ (Automatically) ਲਾਗੂ ਹੋਣਗੀਆਂ ਅਤੇ ਜਿਹੜੇ ਅਦਾਰਿਆਂ ਵਿੱਚ ਪੰਜਾਬ ਸਿਵਲ ਸਰਵਿਸਿਜ਼ ਰੂਲਜ਼ ਲਾਗੂ ਨਹੀਂ ਹੋਏ, ਉਹ ਅਦਾਰੇ ਆਪਣੇ ਰੂਲਾਂ ਵਿਚ ਇਨ੍ਹਾਂ ਹਦਾਇਤਾਂ ਅਨੁਸਾਰ ਸੋਧਾਂ ਕਰਦੇ ਹੋਏ ਇਸ ਸਬੰਧੀ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਦੀ ਮਿਤੀ ਤੋਂ ਲਾਗੂ ਕਰਨਗੇ।

4. ਪੰਜਾਬ ਰਾਜ ਵਿੱਚ ਭਰਤੀ ਕਰਨ ਸਬੰਧੀ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਜਾ ਰਹੀਆਂ ਹਦਾਇਤਾਂ ਅਤੇ ਇਸ ਸਬੰਧੀ ਪਹਿਲਾਂ ਹੀ ਨਿਰਧਾਰਤ ਕੀਤੇ ਗਏ ਪ੍ਰੋਸੀਜਰ ਵਿੱਚ ਕੋਈ ਤਬਦੀਲੀ ਨਹੀਂ ਹੋਵੇਗੀ ਅਤੇ ਕਿਸੇ ਵੀ ਭਰਤੀ ਕਰਨ ਤੋਂ ਪਹਿਲਾਂ ਸਰਕਾਰ ਵੱਲੋਂ ਪਹਿਲਾਂ ਹੀ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਪ੍ਰੋਸੀਜਰ ਅਪਣਾਉਂਦੇ ਹੋਏ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਪ੍ਰਾਪਤ ਕਰਨੀ ਯਕੀਨੀ ਬਣਾਈ ਜਾਵੇਗੀ।

5. ਪ੍ਰਬੰਧਕੀ ਵਿਭਾਗਾਂ ਵੱਲੋਂ ਉਪਰੋਕਤ ਪੈਰ੍ਹਾ-3 ਅਨੁਸਾਰ ਉਨ੍ਹਾਂ ਅਧੀਨ ਆਉਂਦੇ ਅਦਾਰਿਆਂ ਵਿੱਚ ਇਨ੍ਹਾਂ ਫੈਸਲਿਆਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ।

6. ਇਹ ਸਕੀਮ ਪੰਜਾਬ ਸਿਵਲ ਸਰਵਿਸਿਜ਼ (ਜੁਡੀਸ਼ੀਅਲ ਬ੍ਰਾਂਚ) ਦੇ ਅਧਿਕਾਰੀਆਂ ਤੇ ਲਾਗੂ ਨਹੀਂ ਕਿਉਂਕਿ ਉਨ੍ਹਾਂ ਦੀ ਤਨਖਾਹ ਜਸਟਿਸ ਈ. ਪਦਮਨਾਭਨ ਕਮੇਟੀ ਦੀਆਂ ਸਿਫਾਰਸ਼ਾਂ ਦੇ ਆਧਾਰ ਤੇ ਦਿੱਤੀ ਜਾਂਦੀ ਹੈ।

7. ਇਹ ਫੈਸਲੇ ਤੁਰੰਤ ਲਾਗੂ ਹੋਣਗੇ।

(ਕਮਲੇਸ਼ ਅਰੋੜਾ)
ਉਪ ਸਕੱਤਰ ਵਿੱਤ

ਪਿੱਠ ਅੰਕਣ ਨੰ:7/204/2012-4ਐਫ.ਪੀ.1/67 ਮਿਤੀ, ਚੰਡੀਗੜ੍ਹ, 15-1-2015

(1) ਪ੍ਰਮੁੱਖ ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
(2) ਪ੍ਰਮੁੱਖ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ, ਚੰਡੀਗੜ੍ਹ।

ਸੁਪਰਡੈਂਟ

ਪਿੱਠ ਅੰਕਣ ਨੰ:7/204/2012-4ਐਫ.ਪੀ.1/68 ਮਿਤੀ, ਚੰਡੀਗੜ੍ਹ, 15-1-2015

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ;
2. ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਸੁਪਰਡੈਂਟ

ਪਿੱਠ ਅੰਕਣ ਨੰ:7/204/2012-4ਐਫ.ਪੀ.1/69 ਮਿਤੀ, ਚੰਡੀਗੜ੍ਹ, 15-1-2015

ਇਸ ਦਾ ਇੱਕ ਉਤਾਰਾ ਸਕੱਤਰ, ਪੰਜਾਬ ਸਰਕਾਰ, ਪਰਸੋਨਲ ਵਿਭਾਗ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੈਂਟ

ਪਿੱਠ ਅੰਕਣ ਨੰ:7/204/2012-4ਐਫ.ਪੀ.1/70 ਮਿਤੀ, ਚੰਡੀਗੜ੍ਹ, 15-1-2015

ਇਸ ਦਾ ਇੱਕ ਉਤਾਰਾ ਰਾਜ ਦੇ ਸਮੂਹ ਜ਼ਿਲ੍ਹਾ ਖਜ਼ਾਨਾ ਅਫ਼ਸਰਾਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੈਂਟ

ਪਿੱਠ ਅੰਕਣ ਨੰ:7/204/2012-4ਐਫ.ਪੀ.1/71 ਮਿਤੀ, ਚੰਡੀਗੜ੍ਹ, 15-1-2015

ਇਸ ਦਾ ਇੱਕ ਉਤਾਰਾ ਮੈਨੇਜਿੰਗ ਡਾਇਰੈਕਟਰ, ਪੰਜਾਬ ਇਨਫੋਟੈੱਕ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਸਰਕਾਰ ਦੀਆਂ ਇਨ੍ਹਾਂ ਹਦਾਇਤਾਂ ਅਤੇ ਨੋਟੀਫਿਕੇਸ਼ਨ ਨੰ: 7/204/2012-4ਵਿੱਪ੍ਰ1/60, ਮਿਤੀ 15-1-2015 ਨੂੰ ਪੰਜਾਬ ਸਰਕਾਰ ਦੀ ਵੈੱਬ-ਸਾਈਟ ਤੇ ਤੁਰੰਤ ਪਾਉਣ ਦੀ ਪਹਿਲ ਕੀਤੀ ਜਾਵੇ।

ਸੁਪਰਡੈਂਟ

ਪਿੱਠ ਅੰਕਣ ਨੰ:7/204/2012-4ਐਫ.ਪੀ.1/72 ਮਿਤੀ, ਚੰਡੀਗੜ੍ਹ, 15-1-2015

ਇਸ ਦਾ ਇੱਕ ਉਤਾਰਾ ਡਾਇਰੈਕਟਰ, ਪਬਲਿਕ ਇੰਟਰਪ੍ਰਾਈਜ਼ਿਜ਼ ਅਤੇ ਡਿਸਇਨਵੈਸਟਮੈਂਟ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਹਦਾਇਤਾਂ ਦੇ ਪੈਰਾ-3 ਵਿੱਚ ਆਉਂਦੇ ਅਦਾਰਿਆਂ ਵਿੱਚ ਇਹ ਫੈਸਲੇ ਲਾਗੂ ਕੀਤੇ ਜਾਣ ਲਈ ਲੋੜੀਂਦੀ ਮੋਨੀਟਰਿੰਗ ਯਕੀਨੀ ਬਣਾਈ ਜਾਵੇ।

ਸੁਪਰਡੈਂਟ

ਸੇਵਾ ਵਿਖੇ,

ਵਿੱਤ ਵਿਭਾਗ
(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ, ਚੰਡੀਗੜ੍ਹ: 21-12-2015

ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ,
ਡਵੀਜਨਾਂ ਦੇ ਕਮਿਸ਼ਨਰ,
ਸਮੂਹ ਜਿਲ੍ਹਾ ਤੇ ਸੈਸ਼ਨਜ ਜੱਜ ਅਤੇ
ਸਮੂਹ ਡਿਪਟੀ ਕਮਿਸ਼ਨਰ,
ਪੰਜਾਬ ਰਾਜ ਵਿੱਚ।

ਵਿਸ਼ਾ:- ਸਰਕਾਰੀ ਵਿਭਾਗਾਂ ਵਿੱਚ ਸਿੱਧੀ ਭਰਤੀ ਦੇ ਕੋਟੇ ਦੀਆਂ ਖਾਲੀ ਪਈਆਂ ਅਸਾਮੀਆਂ ਤੇ ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀਆਂ ਦੀਆਂ ਸੇਵਾ ਸ਼ਰਤਾਂ ਵਿੱਚ ਸੋਧ ਕਰਨ ਸਬੰਧੀ- ਸਪੱਸ਼ਟੀਕਰਨ।

*******

ਸ੍ਰੀਮਾਨ ਜੀ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਵਿੱਤ ਵਿਭਾਗ ਵਲੋਂ ਜਾਰੀ ਪੱਤਰ ਨੰ 7/204/2012-4ਐਫ.ਪੀ.1/66, ਮਿਤੀ 15 ਜਨਵਰੀ, 2015, ਪੱਤਰ ਨੰ. 7/204/2012-4ਐਫ.ਪੀ.1/761 ਮਿਤੀ 28 ਅਗਸਤ, 2015 ਅਤੇ ਪੱਤਰ ਨੰ.7/204/2012-4ਐਫਪੀ1/935 ਮਿਤੀ 15.10.2015 ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਜਿਨ੍ਹਾਂ ਕੈਟਾਗਰੀਆਂ ਵਿੱਚ ਸਰਕਾਰੀ ਕਰਮਚਾਰੀਆਂ/ਅਧਿਕਾਰੀਆਂ ਦੀ ਤਨਖਾਹ ਉਨ੍ਹਾਂ ਦੇ ਪਰਖ ਕਾਲ ਦੇ ਸਮੇਂ ਦੌਰਾਨ ਡੀ.ਸੀ/ਲੇਬਰ ਰੇਟਾਂ ਤੋਂ ਘੱਟ ਬਣਦੀ ਹੈ, ਉਨ੍ਹਾਂ ਨੂੰ ਪਰਖ ਕਾਲ ਦੇ ਸਮੇਂ ਡੀ.ਸੀ/ ਲੇਬਰ ਰੇਟਾਂ ਦੇ ਬਰਾਬਰ ਰੱਖਿਆ ਜਾਵੇ।

ਆਪ ਜੀ ਦਾ ਵਿਸ਼ਵਾਸਪਾਤਰ

(ਭਗਤ ਸਿੰਘ)
ਅਧੀਨ ਸਕੱਤਰ, ਵਿੱਤ

ਪਿੱਠ ਅੰਕਣ ਨੰ. 7/204/2012-4ਐਫ.ਪੀ.1/1050 ਮਿਤੀ, ਚੰਡੀਗੜ੍ਹ:21-12-2015

ਇਸ ਦਾ ਉਤਾਰਾ ਸਹਿ-ਪੱਤਰ ਸਮੇਤ, ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

(1) ਪ੍ਰਮੁੱਖ ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
(2) ਪ੍ਰਧਾਨ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ, ਚੰਡੀਗੜ੍ਹ;

ਲਗਾਤਾਰ

-2-

ਪਿੱਠ ਅੰਕਣ ਨੰ.7/204/2012-4ਐਫ.ਪੀ.1/1051 ਮਿਤੀ, ਚੰਡੀਗੜ੍ਹ: 21-12-2015

ਇਸ ਦਾ ਉਤਾਰਾ, ਸਹਿ-ਪੱਤਰ ਸਮੇਤ, ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

(1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
(2) ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।
(3) ਵਧੀਕ ਡਾਇਰੈਕਟਰ, ਅੰਦਰੂਨੀ ਪੜਤਾਲ ਸੰਸਥਾ (ਮਾਲ), ਸੈਕਟਰ-22ਡੀ, ਚੰਡੀਗੜ੍ਹ।
(4) ਪ੍ਰੀਖਕ, ਸਥਾਨਕ ਫੰਡ ਲੇਖਾ, ਪੰਜਾਬ, ਚੰਡੀਗੜ੍ਹ।
(5) ਰਾਜ ਦੇ ਸਮੂਹ ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਅੰਦਰੂਨੀ ਪੜਤਾਲ ਸੰਸਥਾ, ਪੰਜਾਬ।

ਅਧੀਨ ਸਕੱਤਰ, ਵਿੱਤ

ਪਿੱਠ ਅੰਕਣ ਨੰ.7/204/2012-4ਐਫ.ਪੀ.1/1052 ਮਿਤੀ, ਚੰਡੀਗੜ੍ਹ: 21-12-2015

ਇਸ ਦਾ ਉਤਾਰਾ, ਸਹਿ-ਪੱਤਰ, ਰਾਜ ਦੇ ਸਮੂਹ ਜਿਲ੍ਹਾ ਖਜਾਨਾ ਅਫਸਰਾਂ/ਖਜਾਨਾ ਅਫਸਰਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪਿੱਠ ਅੰਕਣ ਨੰ.7/204/2012-4ਐਫ.ਪੀ.1/1053 ਮਿਤੀ, ਚੰਡੀਗੜ੍ਹ: 21-12-2015

ਇਸ ਦਾ ਇੱਕ ਉਤਾਰਾ ਮੈਨੇਜਿੰਗ ਡਾਇਰੈਕਟਰ, ਪੰਜਾਬ ਇਨਫੋਟੈਕ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਸਰਕਾਰ ਦੀ ਇਸ ਪਾਲਿਸੀ ਨੂੰ ਪੰਜਾਬ ਸਰਕਾਰ ਦੀ ਵੈੱਬਸਾਈਟ ਤੇ ਪਾਉਣ ਦੀ ਚਲ ਕੀਤੀ ਜਾਵੇ।

ਸੁਪਰਡੰਟ